03-JAN-Page-BTD.qxd 1/3/2022 11:50 PM Page 3

ਅਜੀਤ, ਬਠਿੰਡਾ

ਬਠਿੰਡਾ ਅਜੀਤ

ਮੰਗਲਵਾਰ, 4 ਜਨਵਰੀ 2022

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 4 ਜਨਵਰੀ ਨੂੰ ਸ਼ਾਮ 4.30 ਤੋਂ 5.30 ਵਜੇ ਤੱਕ **ਭਾਈ ਰਵਿੰਦਰ ਸਿੰਘ** ਤੇ 5 ਜਨਵਰੀ ਨੂੰ ਸਵੇਰੇ 4:00 ਤੋਂ 6:00 ਵਜੇ ਤੱਕ **ਭਾਈ ਰਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ.ਟੀ.ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 4 ਜਨਵਰੀ ਨੂੰ ਸ਼ਾਮ 4:30 ਤੋਂ 6:30 ਵਜੇ ਤੱਕ **ਭਾਈ ਰਵਿੰਦਰ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਨਰਿੰਦਰ ਸਿੰਘ** ਅਤੇ 5 ਜਨਵਰੀ ਨੂੰ ਸਵੇਰੇ 4:00 ਵਜੇ ਤੋਂ 7:45 ਵਜੇ ਤੱਕ **ਭਾਈ ਰਵਿੰਦਰ ਸਿੰਘ ਤੇ ਭਾਈ ਗੁਰਪ੍ਰੀਤ ਸਿੰਘ** ਕੀਰਤਨ ਕਰਨਗੇ।

ਮੁੱਖ ਵਾਕ ਦੀ ਕਥਾ : 4 ਜਨਵਰੀ ਨੂੰ ਗਿਆਨੀ ਸਤਨਾਮ ਸਿੰਘ ਖੜੂਰ ਸਾਹਿਬ ਤੇ 5 ਜਨਵਰੀ ਨੂੰ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਸ੍ਰੀ ਮੰਜੀ ਸਾਹਿਬ ਦੀਵਾਨ ਹਾਲ (ਸ੍ਰੀ ਹਰਿਮੰਦਰ ਸਾਹਿਬ) ਵਿਖੇ 7:45 ਵਜੇ ਤੋਂ 8:30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਗੋਨਿਆਣਾ ਦੀ ਮੀਟਿੰਗ ਉਪਰੰਤ ਪ੍ਰਧਾਨ ਡਾ. ਗੁਰਜੰਟ ਸਿੰਘ ਸਿਵੀਆਂ ਤੇ ਅਹੁਦੇਦਾਰ ਕੈਲੰਡਰ ਜਾਰੀ ਕਰਦੇ ਹੋਏ। ਤਸਵੀਰ: ਬਰਾੜ

ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਗੋਨਿਆਣਾ ਦੀ ਮਹੀਨਾਵਾਰ ਮੀਟਿੰਗ

ਪ੍ਰੈਕਟੀਸ਼ਨਰਾਂ ਦਾ ਸਰਕਾਰ ਪ੍ਰਤੀ ਰੁਖ਼ ਸਖ਼ਤ

ਗੋਨਿਆਣਾ, 3 ਜਨਵਰੀ (ਬਰਾੜ)-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਗੋਨਿਆਣਾ ਦੀ ਮੀਟਿੰਗ ਪਵਨ ਮੈਡੀਕਲ ਸਟੋਰ ਵਿਖੇ ਬਲਾਕ ਪ੍ਰਧਾਨ ਡਾ. ਗੁਰਜੰਟ ਸਿੰਘ ਸਿਵੀਆਂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿਚ ਜ਼ਿਲ੍ਹਾ ਬਾਡੀ ਤੋਂ ਡਾ. ਬੂਟਾ ਸਿੰਘ ਸਲਾਹਕਾਰ, ਡਾ. ਲਖਵਿੰਦਰ ਸਿੰਘ ਚੇਅਰਮੈਨ, ਸਾਬਕਾ ਬਲਾਕ ਪ੍ਰਧਾਨ ਡਾ. ਨਛੱਤਰ ਸਿੰਘ ਖੇਮੂਆਣਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਮੀਟਿੰਗ ਦੌਰਾਨ ਬੁਲਾਰਿਆਂ ਨੇ ਆਪੋ-ਆਪਣੇ ਵਿਚਾਰ ਪੇਸ਼ ਕੀਤੇ। ਮੀਟਿੰਗ ਵਿਚ ਆਏ ਹੋਏ ਪ੍ਰੈਕਟੀਸ਼ਨਰਾਂ ਨੂੰ ਡਾ. ਬੂਟਾ ਸਿੰਘ ਸਿੱਧੂ ਨੇ ਸੰਬੋਧਨ ਕੀਤਾ। ਇਸ ਸਬੰਧੀ ਡਾ. ਸਿੱਧੂ ਨੇ ਕਿਹਾ ਕਿ ਜੇ ਕਾਂਗਰਸ ਸਰਕਾਰ ਸਾਨੂੰ ਰਜਿਸਟ੍ਰੇਸ਼ਨ ਨਹੀਂ ਦਿੰਦੀ ਤੇ ਸਾਡਾ ਮਸਲਾ ਹੱਲ ਨਹੀਂ ਕਰਦੀ ਤਾਂ ਆਉਂਦੀਆਂ 2022 ਦੀਆ ਚੋਣਾਂ ਦੌਰਾਨ ਪੰਜਾਬ ਦੇ ਹਰ ਹਲਕੇ ਅੰਦਰ ਕਾਂਗਰਸ ਦੇ ਉਮੀਦਵਾਰਾਂ ਨੂੰ ਘੇਰਾਂਗੇ। ਮੀਟਿੰਗ 'ਚ ਮੁੱਖ ਬੁਲਾਰੇ ਡਾ. ਸੁਖਦੇਵ ਸਿੰਘ ਜੀਦਾ, ਡਾ. ਗੁਰਤੇਜ ਜੀਦਾ ਜਨਰਲ ਸਕੱਤਰ, ਪਵਨ ਕੁਮਾਰ ਗਰਗ ਖ਼ਜ਼ਾਨਚੀ, ਡਾ. ਚੇਤ ਸਿੰਘ ਦਿਉਣ ਪ੍ਰੈੱਸ ਸਕੱਤਰ, ਡਾ. ਜਗਸੀਰ ਜੀਦਾ, ਡਾ. ਸੁਖਪਾਲ ਮਹਿਮਾ, ਡਾ. ਲਖਵਿੰਦਰ ਮਹਿਮਾ, ਡਾ. ਬਖਤੌਰ ਸਿੰਘ, ਡਾ. ਹਰਨੇਕ ਸਿੰਘ ਸਾਬਕਾ ਬਲਾਕ ਪ੍ਰਧਾਨ ਅਤੇ ਵੱਖ ਵੱਖ ਪਿੰਡਾਂ ਤੋਂ 60 ਤੋਂ ਦੇ ਕਰੀਬ ਡਾਕਟਰ ਸਾਥੀਆਂ ਨੇ ਹਿੱਸਾ ਲਿਆ ਜਿਸ ਉਪਰੰਤ ਐਸੋਸੀਏਸ਼ਨ ਦਾ ਕੈਲੰਡਰ ਵੀ ਜਾਰੀ ਕੀਤਾ ਗਿਆ। ਮੀਟਿੰਗ ਉਪਰੰਤ ਬਲਾਕ ਪ੍ਰਧਾਨ ਡਾ. ਗੁਰਜੰਟ ਸਿੰਘ ਨੇ ਆਏ ਹੋਏ ਡਾਕਟਰ ਸਾਥੀਆਂ ਦਾ ਮੀਟਿੰਗ ਵਿਚ ਪਹੁੰਚਣ 'ਤੇ ਧੰਨਵਾਦ ਕੀਤਾ।

ਪਿੰਡ ਨੇਹੀਆਂ ਵਾਲਾ ਵਿਖੇ ਦਰਸ਼ਨ ਸਿੰਘ ਕੋਟਫੱਤਾ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦੇ ਹੋਏ। ਤਸਵੀਰ: ਗਰਗ

ਸੂਬੇ ਵਿਚ ਅਕਾਲੀ ਦਲ ਅਤੇ ਬਸਪਾ ਗੱਠਜੋੜ ਦੀ ਸਰਕਾਰ ਬਣਨ 'ਤੇ ਸਿਹਤ ਸਹੂਲਤਾਂ ਵੱਲ ਵਿਸ਼ੇਸ਼ ਧਿਆਨ ਦੇਵਾਂਗੇ-ਕੋਟਫੱਤਾ

ਗੋਨਿਆਣਾ, 3 ਜਨਵਰੀ (ਲਛਮਣ ਦਾਸ ਗਰਗ)-ਵਿਧਾਨ ਸਭਾ ਹਲਕਾ ਭੁੱਚੋ (ਰਾਖਵਾਂ) ਤੋਂ ਸ਼੍ਰੋਮਣੀ ਅਕਾਲੀ ਦਲ ਅਤੇ ਬਹੁਜਨ ਸਮਾਜ ਪਾਰਟੀ ਦੇ ਸਾਂਝੇ ਉਮੀਦਵਾਰ ਦਰਸ਼ਨ ਸਿੰਘ ਕੋਟਫੱਤਾ ਤੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਬਠਿੰਡਾ ਦੇ ਦਿਹਾਤੀ ਜ਼ਿਲ੍ਹਾ ਪ੍ਰਧਾਨ ਬਲਕਾਰ ਸਿੰਘ ਬਰਾੜ ਵਲੋਂ ਮਿਸ਼ਨ 2022 ਦੀ ਕਾਮਯਾਬੀ ਲਈ ਸ਼੍ਰੋਮਣੀ ਅਕਾਲੀ ਦੇ ਵਰਕਰਾਂ ਨਾਲ ਇਕ ਮੀਟਿੰਗਾਂ ਕਰਨ ਦਾ ਕੰਮ ਜਾਰੀ ਕੀਤਾ ਹੋਇਆ ਹੈ। ਜਿਸ ਤਹਿਤ ਉਨ੍ਹਾਂ ਅੱਜ ਨਜ਼ਦੀਕੀ ਪਿੰਡ ਨੇਹੀਆਂ ਵਾਲਾ ਵਿਖੇ ਅਕਾਲੀ ਆਗੂ ਜਸਵਿੰਦਰ ਸਿੰਘ ਖੋਖਰ ਦੇ ਘਰ ਦੋਨ੍ਹਾਂ ਪਾਰਟੀਆਂ ਦੇ ਸਮੂਹ ਵਰਕਰਾਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਪਾਰਟੀ ਦੇ ਵਰਕਰਾਂ ਦਾ ਭਾਰੀ ਇਕੱਠ ਦੇਖਣ ਨੂੰ ਮਿਲਿਆ। ਇਸ ਮੌਕੇ ਕੋਟਫੱਤਾ ਨੇ ਸ਼੍ਰੋਮਣੀ ਅਕਾਲੀ ਦਲ ਅਤੇ ਬਸਪਾ ਗਠਜੋੜ ਵਲੋਂ ਜਾਰੀ ਕੀਤੇ ਗਏ 13 ਨੁਕਾਤੀ ਪ੍ਰੋਗਰਾਮਾਂ ਤਹਿਤ ਕਿਹਾ ਕਿ ਸੂਬੇ ਵਿਚ ਸ਼੍ਰੋਮਣੀ ਅਕਾਲੀ ਅਤੇ ਬਹੁਜਨ ਸਮਾਜ ਪਾਰਟੀ ਦੀ ਗੱਠਜੋੜ ਵਾਲੀ ਸਰਕਾਰ ਬਣਨ 'ਤੇ ਸਾਰਿਆਂ ਲਈ ਪ੍ਰਤੀ ਸਾਲ 10 ਲੱਖ ਰੁਪਏ ਦੀ ਸਿਹਤ ਬੀਮਾ ਯੋਜਨਾ ਤਹਿਤ ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲਾਂ ਵਿਚ ਮੁਫ਼ਤ ਡਾਕਟਰੀ ਇਲਾਜ, ਦਵਾਈਆਂ, ਮੈਡੀਕਲ ਟੈਸਟ ਆਦਿ ਹੋਣਗੇ ਅਤੇ ਪੰਜਾਬ ਦੇ ਹਰ ਜ਼ਿਲ੍ਹੇ ਵਿਚ ਬਣਾਇਆ ਜਾਵੇਗਾ ਅਤੇ 500 ਬੈਡਾਂ ਵਾਲਾ ਇਕ ਸੁਪਰ ਸਪੈਸ਼ੀਐਲਟੀ ਮੈਡੀਕਲ/ਹਸਪਤਾਲ ਹੋਣਗੇ। ਇਸ ਮੌਕੇ ਉਨ੍ਹਾਂ ਕਿਹਾ ਕਿ 10 ਜਨਵਰੀ ਨੂੰ ਭੁੱਚੋ ਹਲਕੇ ਦੀ ਭਾਰੀ ਰੈਲੀ ਪਿੰਡ ਨਥਾਣਾ ਵਿਖੇ ਰੱਖੀ ਗਈ ਹੈ, ਜਿਸ ਵਿਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਸਮੇਤ ਭਾਰੀ ਗਿਣਤੀ ਵਿਚ ਲੀਡਰ ਪਹੁੰਚਕੇ ਪਾਰਟੀ ਦੀਆਂ ਗਤੀਵਿਧੀਆਂ ਬਾਰੇ ਚਾਨਣਾ ਪਾਉਣਗੇ। ਇਸ ਮੌਕੇ ਅਮਰਜੀਤ ਕੌਰ ਕੋਟਫੱਤਾ, ਬਲਕਾਰ ਸਿੰਘ ਬਰਾੜ ਜ਼ਿਲ੍ਹਾ ਪ੍ਰਧਾਨ, ਗਰਦੌਰ ਸਿੰਘ ਸੰਧੂ, ਅਮਰਜੀਤ ਸਿੰਘ ਜੰਡਾਂਵਾਲਾ, ਜਗਮੀਤ ਸਿੰਘ ਭੋਖੜਾ ਨੇ ਵੀ ਆਪੋ ਆਪਣੇ ਵਿਚਾਰ ਰੱਖੇ। ਇਸ ਮੌਕੇ ਪਿੰਡ ਵਿਚੋਂ ਹੋਰਨਾਂ ਤੋਂ ਇਲਾਵਾ ਗੁਰਜੰਟ ਸਿੰਘ ਪ੍ਰਧਾਨ, ਮੰਦਰ ਸਿੰਘ, ਜਗਸੀਰ ਸਿੰਘ, ਗੁਰਪ੍ਰੀਤ ਸਿੰਘ ਮਿੰਟੂ ਸਰਕਲ ਪ੍ਰਧਾਨ ਆਈ. ਟੀ. ਸੈਲ, ਗੁਰਮੀਤ ਸਿੰਘ, ਪ੍ਰਦੀਪ ਫੌਜੀ, ਛਿੰਦਾ ਸਮੇਤ ਅਨੇਕਾਂ ਪਾਰਟੀ ਵਰਕਰ ਹਾਜ਼ਰ ਸਨ।

ਅਜੀਤ ਵੈੱਬ ਟੀ ਵੀ
ਅੱਜ ਦੇ ਵਿਸ਼ੇਸ਼ ਪ੍ਰੋਗਰਾਮ
ਲੋਕਾਂ ਦੀ ਕਚਹਿਰੀ-ਵਿਧਾਨ ਸਭਾ ਚੋਣਾਂ 2022
ਵੇਖੋ ਤਰਨ ਤਾਰਨ ਦੇ ਲੋਕਾਂ ਦਾ ਮੂਡ

ਵੇਖਣ ਲਈ ਕਲਿੱਕ ਕਰੋ : www.ajittv.com, youtube.com/ajitwebtv, facebook.com/dailyajit

ਦੁੱਲੇਵਾਲਾ ਦੇ ਪਰਿਵਾਰ ਵਲੋਂ ਜ਼ਿਲ੍ਹਾ ਪੁਲਿਸ ਪ੍ਰਸ਼ਾਸਨ ਤੋਂ ਇਨਸਾਫ਼ ਦੀ ਮੰਗ

ਕਾਂਗਰਸ ਦੇ ਰਾਜ 'ਚ ਮੁਗ਼ਲਾਂ ਤੇ ਅੰਗਰੇਜ਼ਾਂ ਤੋਂ ਵੀ ਵੱਧ ਬੇਇਨਸਾਫ਼ੀਆਂ-ਗੁਰਪ੍ਰੀਤ ਮਲੂਕਾ

ਬਠਿੰਡਾ, 3 ਜਨਵਰੀ (ਅੰਮ੍ਰਿਤਪਾਲ ਸਿੰਘ ਵਲ੍ਹਾਣ)-ਰਾਮਪੁਰਾ ਫੂਲ ਦੇ ਨਜ਼ਦੀਕੀ ਪਿੰਡ ਦੁੱਲੇਵਾਲਾ ਵਿਖੇ ਇਕ ਪਿਤਾ ਵਲੋਂ ਆਪਣੇ ਹੀ ਬੱਚਿਆਂ ਅਤੇ ਹੋਰ ਪਰਿਵਾਰਕ ਮੈਂਬਰਾਂ 'ਤੇ ਤਸ਼ੱਦਦ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਨਸਾਫ਼ ਲੈਣ ਲਈ ਬਠਿੰਡਾ ਪੁਲਿਸ ਮੁਖੀ ਨੂੰ ਮਿਲਣ ਪੁੱਜੇ ਪੀੜਤ ਪਰਿਵਾਰ ਨੇ ਗੁਰਪ੍ਰੀਤ ਸਿੰਘ ਮਲੂਕਾ ਦੀ ਅਗਵਾਈ ਵਿਚ ਮੀਡੀਆ ਦੇ ਰੂਬਰੂ ਹੁੰਦਿਆਂ ਦੱਸਿਆ ਕਿ ਦੁੱਲੇਵਾਲਾ ਦੇ ਗੁਰਸੇਵਕ ਸਿੰਘ ਵਲੋਂ ਪਿਛਲੇ ਕਈ ਸਾਲਾਂ ਤੋਂ ਆਪਣੀ ਪਤਨੀ ਵੀਰਪਾਲ ਕੌਰ ਅਤੇ ਲੜਕੀਆਂ 'ਤੇ ਲਗਾਤਾਰ ਅੱਤਿਆਚਾਰ ਕੀਤਾ ਗਿਆ, ਘਰੋਂ ਬਾਹਰ ਦੂਸਰੀ ਔਰਤ ਨਾਲ ਨਾਜਾਇਜ਼ ਰਿਸ਼ਤੇ ਹੋਣ ਕਾਰਨ ਉਸ ਵਲੋਂ ਕੀਤੇ ਜਾ ਰਹੇ ਅੱਤਿਆਚਾਰ ਤੋਂ ਦੁਖੀ ਉਸ ਦੀ ਪਤਨੀ ਵੀਰਪਾਲ ਕੌਰ ਵਲੋਂ 2018 ਵਿਚ ਖ਼ੁਦਕੁਸ਼ੀ ਕਰ ਲਈ ਗਈ ਸੀ, ਜੋ ਅਜੇ ਸਵਾਲਾਂ ਦੇ ਘੇਰੇ ਵਿਚ ਹੈ ਕਿਉਂਕਿ ਬੱਚਿਆਂ ਵਲੋਂ ਇਸ ਨੂੰ ਆਪਣੇ ਹੀ ਪਿਤਾ ਵੱਲੋਂ ਕੀਤਾ ਕਤਲ ਦੱਸਿਆ ਜਾ ਰਿਹਾ ਹੈ। ਪਤਨੀ ਦੀ ਮੌਤ ਤੋਂ ਬਾਅਦ ਗੁਰਸੇਵਕ ਸਿੰਘ ਨੇ ਦੂਸਰੀ ਔਰਤ ਨਾਲ ਵਿਆਹ ਕਰ ਲਿਆ ਤੇ ਉਸ ਵਲੋਂ ਲਗਾਤਾਰ ਆਪਣੇ ਪਰਿਵਾਰਕ ਮੈਂਬਰਾਂ ਅਤੇ ਬੱਚਿਆਂ 'ਤੇ ਅਣਮਨੁੱਖੀ ਤਸ਼ੱਦਦ ਕੀਤਾ ਜਾ ਰਿਹਾ ਸੀ। ਪਿਛਲੇ ਦਿਨੀਂ ਗੁਰਸੇਵਕ ਸਿੰਘ ਅਤੇ ਉਸ ਦੇ ਸਾਲੇ ਹਰਪ੍ਰੀਤ ਸਿੰਘ ਵਲੋਂ ਆਪਣੇ ਪਿਤਾ, ਭਰਾ ਅਤੇ ਮਾਤਾ ਦੇ ਨਾਲ-ਨਾਲ ਬੇਟੀ ਦੀ ਵੀ ਕੁੱਟਮਾਰ ਕੀਤੀ ਗਈ ਸੀ। ਗੁਰਸੇਵਕ ਸਿੰਘ ਦੀ ਮਾਤਾ ਵਲੋਂ ਕਾਂਗਰਸੀ ਵਿਧਾਇਕ ਗੁਰਪ੍ਰੀਤ ਸਿੰਘ ਕਾਂਗੜ ਤੋਂ ਇਨਸਾਫ਼ ਦੀ ਮੰਗ ਕੀਤੀ ਪਰ ਇਸ ਦੇ ਬਾਵਜੂਦ ਰਾਮਪੁਰਾ ਪੁਲਿਸ ਨੇ ਉਲਟਾ ਰਾਜਪਾਲ ਸਿੰਘ ਤੇ ਉਸਦੇ ਦੂਜੇ ਬੇਟੇ ਹਰਬੰਸ ਸਿੰਘ 'ਤੇ 307, 452 ਦਾ ਪਰਚਾ ਦਰਜ ਕਰ ਦਿੱਤਾ। ਇਸ ਮੌਕੇ ਗੁਰਪ੍ਰੀਤ ਸਿੰਘ ਮਲੂਕਾ ਨੇ ਕਿਹਾ ਕਿ ਰਾਮਪੁਰਾ ਪੁਲਿਸ ਕਾਂਗਰਸੀ ਵਿਧਾਇਕ ਦੀ ਸ਼ਹਿ 'ਤੇ ਇਕ ਮੁਲਜ਼ਮ ਦਾ ਸਾਥ ਦੇ ਰਹੀ ਹੈ। ਇਹ ਕੋਈ ਪਹਿਲਾਂ ਮਾਮਲਾ ਨਹੀਂ, ਅਸਲ ਵਿਚ ਕਾਂਗਰਸ ਦੇ ਰਾਜ 'ਚ ਮੁਗ਼ਲਾਂ ਅਤੇ ਅੰਗਰੇਜ਼ਾਂ ਤੋਂ ਵੀ ਵੱਧ ਬੇਇਨਸਾਫ਼ੀਆਂ ਹੋਈਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਅਗਲੇ ਕੁਝ ਦਿਨਾਂ ਵਿਚ ਪੁਲਿਸ ਮੁਖੀ ਨਾਲ ਮੁਲਾਕਾਤ ਕਰਕੇ ਇਸ ਮਾਮਲੇ ਵਿਚ ਇਨਸਾਫ਼ ਦੀ ਮੰਗ ਕੀਤੀ ਜਾਵੇਗੀ। ਇਸ ਮੌਕੇ ਗੁਰਸੇਵਕ ਸਿੰਘ ਦੀ ਲੜਕੀ ਲਵਜੀਤ ਕੌਰ, ਮਾਤਾ ਮਹਿੰਦਰ ਕੌਰ, ਪਿਤਾ ਰਾਜਪਾਲ ਸਿੰਘ ਤੋਂ ਇਲਾਵਾ ਚਰਨਜੀਤ ਸਿੰਘ ਦੁੱਲੇਵਾਲਾ, ਜ਼ਿਲ੍ਹਾ ਪ੍ਰੈੱਸ ਸਕੱਤਰ ਰਤਨ ਸ਼ਰਮਾ ਮਲੂਕਾ ਤੋਂ ਇਲਾਵਾ ਦੁੱਲੇਵਾਲਾ ਦੇ ਕਈ ਜ਼ਿੰਮੇਵਾਰ ਵਿਅਕਤੀ ਵੀ ਹਾਜ਼ਰ ਸਨ।

ਬਠਿੰਡਾ ਵਿਖੇ ਪ੍ਰੈੱਸ ਕਾਨਫ਼ਰੰਸ ਕਰਨ ਸਮੇਂ ਦੁੱਲੇਵਾਲ ਪਰਿਵਾਰ ਨਾਲ ਗੁਰਪ੍ਰੀਤ ਸਿੰਘ ਮਲੂਕਾ। ਤਸਵੀਰ: ਲਵਲੀ

ਪਿੰਡ ਮਹਿਰਾਜ ਪੱਤੀ ਸੌਲ ਤੋਂ ਅਕਾਲੀ ਦਲ ਨਾਲ ਸੰਬੰਧਿਤ ਗੁਰਚਰਨ ਸਿੰਘ ਨੂੰ ਆਮ ਆਦਮੀ ਪਾਰਟੀ 'ਚ ਸ਼ਾਮਲ ਕਰਦੇ ਹੋਏ ਉਮੀਦਵਾਰ ਬਲਕਾਰ ਸਿੰਘ ਸਿੱਧੂ ਨਾਲ ਹੋਰ। ਤਸਵੀਰ: ਸੁਖਪਾਲ ਮਹਿਰਾਜ

ਪੰਜਾਬ ਦੇ ਲੋਕ ਬਦਲਾਅ ਚਾਹੁੰਦੇ ਹਨ-ਬਲਕਾਰ ਸਿੱਧੂ

ਲੋਕ ਦਿਨੋ-ਦਿਨ 'ਆਪ' 'ਚ ਹੋ ਰਹੇ ਨੇ ਸ਼ਾਮਿਲ

ਮਹਿਰਾਜ, 3 ਜਨਵਰੀ (ਸੁਖਪਾਲ ਮਹਿਰਾਜ)-ਇਸ ਵਾਰ ਪੰਜਾਬ ਦੇ ਲੋਕ ਬਦਲਾਅ ਚਾਹੁੰਦੇ ਹਨ ਤੇ ਪੰਜਾਬ ਨੂੰ ਖੁਸ਼ਹਾਲ ਦੇਖਣ ਲਈ ਇਸ ਵਾਰ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਜਾ ਰਹੇ ਹਨ, ਕਿਉਂਕਿ ਰਵਾਇਤੀ ਪਾਰਟੀਆਂ ਦੀਆਂ ਤਰ੍ਹਾਂ-ਤਰ੍ਹਾਂ ਦੇ ਲਾਲਚ ਅਤੇ ਗੁੰਮਰਾਹ ਪ੍ਰਚਾਰ ਵਿਚ ਨਹੀਂ ਆਉਣਗੇ। ਇਹ ਪ੍ਰਗਟਾਵਾ ਹਲਕਾ ਰਾਮਪੁਰਾ ਫੂਲ ਤੋਂ 'ਆਪ' ਦੇ ਉਮੀਦਵਾਰ ਬਲਕਾਰ ਸਿੰਘ ਸਿੱਧੂ ਨੇ ਮਹਿਰਾਜ ਪਿੰਡ ਵਿਖੇ ਪੱਤੀ ਸੌਲ ਦੇ ਵਾਸੀ ਅਕਾਲੀ ਦਲ ਦੇ ਗੁਰਚਰਨ ਸਿੰਘ ਨੂੰ ਪਾਰਟੀ ਦੇ ਚਿੰਨ੍ਹ ਨਾਲ ਸਵਾਗਤ ਕਰਦਿਆਂ ਉਨ੍ਹਾਂ ਨੂੰ ਬਣਦਾ ਮਾਣ ਸਤਿਕਾਰ ਦੇਣ ਦਾ ਭਰੋਸਾ ਦਿੰਦਿਆਂ ਆਖੇ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਵਲੋਂ ਪੰਜਾਬ ਦੇ ਲੋਕਾਂ ਨੂੰ ਗਾਰੰਟੀਆਂ ਦਿੱਤੀਆਂ ਜਾ ਰਹੀਆਂ ਹਨ ਤੇ ਪੰਜਾਬੀ ਜਾਣਦੇ ਹਨ ਕਿ ਕੇਜਰੀਵਾਲ ਆਪਣੇ ਸਾਰੇ ਵਾਅਦੇ ਪੂਰੇ ਕਰਦੇ ਹਨ ਤੇ ਦਿੱਲੀ ਵਿਚ ਵੀ ਸਾਰੇ ਵਾਅਦੇ ਪੂਰੇ ਕੀਤੇ ਹਨ। ਕਿਸਾਨ ਵਿੰਗ ਪੰਜਾਬ ਦੇ ਜੁਆਇੰਟ ਸਕੱਤਰ ਨਛੱਤਰ ਸਿੰਘ ਨੇ ਪੰਜਾਬ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਦੇ ਸੁਨਹਿਰੇ ਭਵਿੱਖ 'ਤੇ ਰਵਾਇਤੀ ਪਾਰਟੀਆਂ ਨੂੰ ਚੱਲਦਾ ਕਰਨ ਲਈ 'ਆਪ' ਨੂੰ ਹੂੰਝਾਫੇਰ ਜਿੱਤ ਦੇਣਾ ਪੰਜਾਬ ਤੇ ਪੰਜਾਬੀਆਂ ਦੇ ਵਿਕਾਸ ਦਾ ਰਾਹ ਖੁੱਲ੍ਹੇਗਾ। ਇਸ ਮੌਕੇ ਗੁਰਵਿੰਦਰ ਸਿੰਘ, ਜਸਬੀਰ ਸਿੰਘ, ਸੰਤੋਖ ਸਿੰਘ, ਕੁਲਵਿੰਦਰ ਸਿੰਘ ਬਿੱਟੂ, ਇੰਦਰਜੀਤ ਸਿੰਘ, ਦਲਜੀਤ ਸਿੰਘ, ਖੁਸ਼ਪ੍ਰੀਤ ਸਿੰਘ, ਕਮਲ ਸਿੰਘ, ਮਨਪ੍ਰੀਤ ਸਿੰਘ, ਜਸ਼ਨ ਸਿੰਘ, ਜਗਤਾਰ ਸਿੰਘ, ਬਖਸ਼ੀਸ ਸਿੰਘ, ਕੁਲਦੀਪ ਸਿੰਘ, ਜਰਨੈਲ ਸਿੰਘ, ਸਤਪਾਲ ਸਿੰਘ, ਜਗਦੀਪ ਸਿੰਘ, ਹਰਜੀਵਨ ਸਿੰਘ, ਕਾਲਾ ਮਹਿਰਾਜ, ਲਖਵਿੰਦਰ ਸਿੰਘ, ਜ਼ੈਲਦਾਰ ਮਹਿਰਾਜ ਆਦਿ ਹਾਜ਼ਰ ਸਨ।

ਸਰਕਲ ਕੋਟਫੱਤਾ ਦੇ ਇਕ ਪਿੰਡ ਵਿਚ ਜੁੜੇ ਅਕਾਲੀ ਵਰਕਰਾਂ ਦਾ ਵੱਡਾ ਇਕੱਠ। ਅਜੀਤ ਤਸਵੀਰ

ਸੁਖਬੀਰ ਸਿੰਘ ਬਾਦਲ ਦੀ ਰੈਲੀ ਸੰਬੰਧੀ ਅਕਾਲੀ ਉਮੀਦਵਾਰ ਵਲੋਂ ਸਰਕਲ ਕੋਟਫੱਤਾ ਦੇ ਪਿੰਡਾਂ ਦਾ ਦੌਰਾ

ਕੋਟਫੱਤਾ, 3 ਜਨਵਰੀ (ਰਣਜੀਤ ਸਿੰਘ ਬੁੱਟਰ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਲੋਂ 10 ਜਨਵਰੀ ਨੂੰ ਬਠਿੰਡਾ ਦਿਹਾਤੀ ਦੇ ਪਿੰਡ ਨਰੂਆਣਾ ਵਿਚ ਕੀਤੀ ਜਾ ਰਹੀ ਰੈਲੀ ਨੂੰ ਲੈ ਕੇ ਅਕਾਲੀ ਦਲ ਦੇ ਬਠਿੰਡਾ ਦਿਹਾਤੀ ਤੋਂ ਉਮੀਦਵਾਰ ਨੇ ਸਰਕਲ ਕੋਟਫੱਤਾ ਦੇ ਪਿੰਡਾਂ ਦਾ ਦੌਰਾ ਕੀਤਾ। ਇਸ ਮੌਕੇ ਯੂਥ ਅਕਾਲੀ ਦਲ ਦੇ ਕੌਮੀ ਜਨਰਲ ਸਕੱਤਰ ਗੁਰਦੀਪ ਸਿੰਘ ਕੋਟਸ਼ਮੀਰ, ਸਾਬਕਾ ਚੇਅਰਮੈਨ ਤੇਜਾ ਸਿੰਘ ਗਹਿਰੀ ਭਾਗੀ, ਸਾਬਕਾ ਜ਼ਿਲ੍ਹਾ ਯੂਥ ਪ੍ਰਧਾਨ ਸੁਖਵੀਰ ਸਿੰਘ ਜੱਸੀ ਪੌ ਵਾਲੀ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਹਰਤੇਜ ਸਿੰਘ ਕੋਟਫੱਤਾ ਤੇ ਯੂਥ ਅਕਾਲੀ ਦਲ ਦੇ ਸਰਕਲ ਪ੍ਰਧਾਨ ਗੁਰਤੇਜ ਸਿੰਘ ਫੂਸ ਮੰਡੀ ਹਾਜ਼ਰ ਸਨ। ਸਰਕਲ ਕੋਟਫੱਤਾ ਦੇ ਪਿੰਡਾਂ ਕੋਟਸ਼ਮੀਰ, ਜੱਸੀ ਪੌ ਵਾਲੀ, ਗੁਲਾਬਗੜ੍ਹ, ਕਟਾਰ ਸਿੰਘ ਵਾਲਾ, ਗਹਿਰੀ ਭਾਗੀ, ਭਾਗੂ, ਫੂਸ ਮੰਡੀ, ਜੋਧਪੁਰ ਰੋਮਾਣਾ ਤੇ ਧੰਨ ਸਿੰਘ ਖਾਨਾ ਆਦਿ ਪਿੰਡਾਂ ਵਿਚ ਬਠਿੰਡਾ ਦਿਹਾਤੀ ਤੋਂ ਅਕਾਲੀ ਉਮੀਦਵਾਰ ਨੇ ਵਰਕਰਾਂ ਦੀਆਂ ਰੈਲੀ ਸੰਬੰਧੀ ਡਿਊਟੀਆਂ ਲਗਾਈਆਂ ਅਤੇ ਇਕੱਤਰ ਵਰਕਰਾਂ ਨੂੰ ਵੱਡੀ ਗਿਣਤੀ ਵਰਕਰਾਂ ਨੂੰ ਨਾਲ ਲੈ ਕੇ ਆਉਣ ਲਈ ਪ੍ਰੇਰਿਆ। ਇਸ ਮੌਕੇ ਕਿਸਾਨ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਗੁਰਵਿੰਦਰ ਸਿੰਘ ਜੱਸੀ ਪੌ ਵਾਲੀ, ਸਾਬਕਾ ਸਰਪੰਚ ਭੋਲਾ ਸਿੰਘ ਗੁਲਾਬਗੜ੍ਹ, ਸੰਧੂਰਾ ਸਿੰਘ ਗੁਲਾਬਗੜ੍ਹ, ਜ਼ਿਲ੍ਹਾ ਮੀਤ ਪ੍ਰਧਾਨ ਕਰਨਵੀਰ ਸਿੰਘ ਭਾਗੂ, ਸਾਬਕਾ ਸਰਪੰਚ ਧਰਮ ਸਿੰਘ ਗਹਿਰੀ ਭਾਗੀ, ਜ਼ਿਲ੍ਹਾ ਮੀਤ ਪ੍ਰਧਾਨ ਬਲਜਿੰਦਰ ਸਿੰਘ ਕੋਟਫੱਤਾ, ਬਲਜੀਤ ਸਿੰਘ ਗਿਆਨੀ ਗਹਿਰੀ ਭਾਗੀ, ਰੋਮੀ ਕੋਟਫੱਤਾ, ਗੁਰਮੀਤ ਸਿੰਘ ਆਲੇਕਾ ਕੋਟਸ਼ਮੀਰ, ਵਿੱਕੀ ਗਰਗ ਕੋਟਫੱਤਾ, ਸਾਬਕਾ ਸਰਪੰਚ ਲਖਵਿੰਦਰ ਜੀਤ ਸਿੰਘ ਹੈਪੀ ਫੂਸ ਮੰਡੀ, ਜਗਰੂਪ ਸਿੰਘ ਗਿੱਲ ਜ਼ਿਲ੍ਹਾ ਸਕੱਤਰ ਐਸ ਸੀ ਵਿੰਗ, ਕੁਲਵਿੰਦਰ ਸਿੰਘ ਕੋਟਫੱਤਾ, ਕਾਵਲ ਸਿੰਘ ਜੋਧਪੁਰ ਰੋਮਾਣਾ, ਨਰਿੰਦਰ ਸਿੰਘ ਨੀਟੂ ਜੋਧਪੁਰ, ਬਲਵਿੰਦਰ ਸਿੰਘ ਗਹਿਰੀ ਭਾਗੀ ਆਦਿ ਹਾਜ਼ਰ ਸਨ।

ਬਾਬਾ ਮਹਾਂ ਸਿੰਘ ਸਪੋਰਟਸ ਯੁਵਕ ਸੇਵਾਵਾ ਕਲੱਬ ਵਲੋਂ ਨਵੇਂ ਸਾਲ ਦੀ ਆਮਦ ਦੀ ਖ਼ੁਸ਼ੀ ਵਿਚ ਸ੍ਰੀ ਸੁਖਮਨੀ ਸਾਹਿਬ ਪਾਠ ਦੇ ਭੋਗ ਦੌਰਾਨ ਹਾਜ਼ਰ ਸ਼ਖ਼ਸੀਅਤਾਂ। ਤਸਵੀਰ: ਸੁਖਪਾਲ ਮਹਿਰਾਜ

ਕਲੱਬ ਵਲੋਂ ਨਵੇਂ ਸਾਲ ਦੀ ਆਮਦ ਦੀ ਖ਼ੁਸ਼ੀ 'ਚ ਸ੍ਰੀ ਸੁਖਮਨੀ ਸਾਹਿਬ ਪਾਠ ਕਰਵਾਇਆ

ਮਹਿਰਾਜ, 3 ਜਨਵਰੀ (ਸੁਖਪਾਲ ਮਹਿਰਾਜ)-ਬਾਬਾ ਮਹਾਂ ਸਿੰਘ ਸਪੋਰਟਸ ਯੁਵਕ ਸੇਵਾਵਾ ਕਲੱਬ ਵਲੋਂ ਨਵੇਂ ਸਾਲ ਦੀ ਆਮਦ ਦੀ ਖ਼ੁਸ਼ੀ ਵਿਚ ਕੋਠੇ ਮਹਾਂ ਸਿੰਘ-ਮਹਿਰਾਜ ਵਿਖੇ ਸ੍ਰੀ ਗੁਰੂ ਗਰੰਥ ਸਾਹਿਬ ਦਾ ਪ੍ਰਕਾਸ਼ ਕਰਵਾਕੇ ਸ੍ਰੀ ਸੁਖਮਨੀ ਸਾਹਿਬ ਪਾਠ ਕਰਵਾਇਆ ਗਿਆ। ਜਿਸ ਵਿਚ ਚੇਅਰਮੈਨ ਹਰਮਨਵੀਰ ਸਿੰਘ ਜੈਸੀ ਕਾਂਗੜ, ਨਗਰ ਪੰਚਾਇਤ ਮਹਿਰਾਜ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਬੀਰ੍ਹਾ ਤੇ ਹੋਰ ਸਖ਼ਸ਼ੀਅਤਾਂ ਨੇ ਹਾਜ਼ਰੀ ਭਰੀ। ਜੈਸੀ ਕਾਂਗੜ ਤੇ ਪ੍ਰਧਾਨ ਬੀਰ੍ਹਾ ਨੇ ਕਿਹਾ ਕਿ ਉਕਤ ਕਲੱਬ ਵਲੋਂ ਸਾਰੇ ਦੇ ਸਹਿਯੋਗ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਸਮਾਪਤੀ ਤੇ ਸੰਗਤਾਂ ਲਈ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ। ਕਲੱਬ ਪ੍ਰਧਾਨ ਸਿਮਰਜੀਤ ਸਿੰਘ ਮੰਗਾ ਨੇ ਕਲੱਬ ਦੀ ਤਰਫ਼ੋਂ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਕਲੱਬ ਆਗੂ ਜਸਵਿੰਦਰ ਸਿੰਘ ਜਲਾਲ, ਗੋਬਿੰਦ ਸਿੰਘ ਵੈਦ, ਕੇਵਲ ਸਿੰਘ, ਭੋਲਾ ਸਿੰਘ, ਸਰਪ੍ਰੀਤ ਸਿੰਘ, ਸੁਰਿੰਦਰ ਸਿੰਘ, ਪਰਮਜੀਤ ਸਿੰਘ, ਦੀਦਾਰ ਸਿੰਘ, ਲਖਵਿੰਦਰ ਸਿੰਘ, ਗਗਨ ਸਿੰਘ, ਕੁਲਵੰਤ ਸਿੰਘ, ਗੁਰਪ੍ਰੀਤ ਸਿੰਘ, ਗੁਰਜਿੰਦਰ ਸਿੰਘ, ਬਲਕੌਰ ਸਿੰਘ, ਗੁਰਜੰਟ ਸਿੰਘ, ਕਾਲਾ ਸਿੰਘ, ਵੀਰਾ ਸਿੰਘ, ਸੁਖਦਰਸ਼ਨ ਸਿੰਘ, ਰਾਜਵੀਰ ਸਿੰਘ ਰਾਜਾ, ਐੱਮ. ਸੀ. ਗੁਰਦੀਪ ਸਿੰਘ, ਡਾ: ਰਵੇਲ ਸਿੰਘ, ਲੱਖਾ ਪਿਪਲੀ, ਮਨਜੀਤ ਸਿੰਘ, ਪਰਮਜੀਤ ਸਿੰਘ ਆਦਿ ਹਾਜ਼ਰ ਸਨ।

ਪਿੰਡ ਮਹਿਮਾ ਸਵਾਈ ਵਿਖੇ ਭਾਰਤ ਨਿਰਮਾਣ ਰਾਜੀਵ ਗਾਂਧੀ ਸੇਵਾ ਕੇਂਦਰ ਦਾ ਹਲਕਾ ਵਿਧਾਇਕ ਕੋਟਭਾਈ ਨੀਂਹ ਪੱਥਰ ਰੱਖਿਆ। ਤਸਵੀਰ: ਸੰਧੂ

ਪਿੰਡ ਮਹਿਮਾ ਸਵਾਈ ਵਿਖੇ ਹਲਕਾ ਵਿਧਾਇਕ ਨੇ ਰਾਜੀਵ ਗਾਂਧੀ ਸੇਵਾ ਕੇਂਦਰ ਭਵਨ ਦਾ ਨੀਂਹ ਪੱਥਰ

ਮਹਿਮਾ ਸਰਜਾ, 3 ਜਨਵਰੀ (ਬਲਦੇਵ ਸੰਧੂ)-ਮੁੱਖ ਮੰਤਰੀ ਪੰਜਾਬ ਚਰਨਜੀਤ ਸਿੰਘ ਚੰਨੀ ਦੀ ਯੋਗ ਅਗਵਾਈ ਵਿਚ ਪਿੰਡ ਮਹਿਮਾ ਸਵਾਈ ਵਿਖੇ ਭਾਰਤ ਨਿਰਮਾਣ ਰਾਜੀਵ ਗਾਂਧੀ ਯੋਜਨਾ ਤਹਿਤ ਬਣਨ ਵਾਲੇ ਸੇਵਾ ਕੇਂਦਰ ਦਾ ਨੀਂਹ ਪੱਥਰ ਹਲਕਾ ਭੁੱਚੋ ਦੇ ਵਿਧਾਇਕ ਪ੍ਰੀਤਮ ਸਿੰਘ ਕੋਟਭਾਈ ਨੇ ਰੱਖਿਆ। ਇਸ ਮੌਕੇ ਸਰਪੰਚ ਅਮਰਜੀਤ ਕੌਰ ਨੇ ਕਿਹਾ ਕਿ ਉਕਤ ਸੇਵਾ ਕੇਂਦਰ ਦਾ 11 ਲੱਖ 50 ਹਜ਼ਾਰ ਰੁਪਏ ਦੀ ਲਾਗਤ ਨਾਲ ਪੰਜਾਬ ਸਰਕਾਰ ਵਲੋਂ ਜਾਰੀ ਕੀਤੀ ਗ੍ਰਾਂਟ ਨਾਲ ਤਿਆਰ ਕੀਤਾ ਜਾਵੇਗਾ। ਇਸ ਮੌਕੇ ਜਸਵੰਤ ਸਿੰਘ ਬਰਾੜ, ਕੁਲਵੰਤ ਸਿੰਘ ਬਰਾੜ ਚੇਅਰਮੈਨ ਮਾਰਕਿਟ ਕਮੇਟੀ ਗੋਨਿਆਣਾ, ਲੱਖਵਿੰਦਰ ਸਿੰਘ ਲੱਖਾ ਚੇਅਰਮੈਨ ਬਲਾਕ ਸੰਮਤੀ ਗੋਨਿਆਣਾ, ਸੁਖਦੇਵ ਸਿੰਘ ਬਰਾੜ, ਬਲਵੀਰ ਸਿੰਘ ਮੀਤ ਪ੍ਰਧਾਨ ਕੋਆਪਰੇਟਿਵ ਸੁਸਾਇਟੀ, ਗੁਰਚਰਨ ਸਿੰਘ ਮੌੜ ਪੰਚ, ਬਲਜੀਤ ਸਿੰਘ ਔਲਖ, ਜਗਤਾਰ ਸਿੰਘ, ਬਲਵੀਰ ਸਿੰਘ ਧਾਲੀਵਾਲ ਕਨੇਡਾ, ਸੁਖਦੇਵ ਸਿੰਘ ਮਿਸਤਰੀ, ਕੁਲਦੀਪ ਸਿੰਘ ਸੰਧੂ, ਪੰਚਾਇਤ ਸਕੱਤਰ ਹਰਜੀਤ ਸਿੰਘ ਸੰਧੂ, ਸਾਬਕਾ ਪ੍ਰਧਾਨ ਜਸਵਿੰਦਰ ਸਿੰਘ, ਜਗਸੀਰ ਸਿੰਘ ਬਰਾੜ, ਨਵਪ੍ਰੀਤ ਸਿੰਘ ਬਰਾੜ ਮੌਜੂਦ ਸਨ।

ਖੁਸ਼ਬਾਜ ਜਟਾਣਾ ਨੇ ਰਾਮਾਂ ਮੰਡੀ 'ਚ 2 ਕਰੋੜ ਦੇ ਵਿਕਾਸ ਕਾਰਜਾਂ ਦੇ ਰੱਖੇ ਨੀਂਹ ਪੱਥਰ

ਪਿੰਡ ਰਾਮਾਂ ਦੀਆਂ ਧਰਮਸ਼ਾਲਾਵਾਂ ਨੂੰ 10 ਲੱਖ ਦੀ ਗ੍ਰਾਂਟ ਦੇ ਚੈੱਕ ਕੀਤੇ ਭੇਟ

ਰਾਮਾਂ ਮੰਡੀ, 3 ਜਨਵਰੀ (ਅਮਰਜੀਤ ਸਿੰਘ ਲਹਿਰੀ)-ਸਥਾਨਕ ਸ਼ਹਿਰ ਵਿਖੇ ਹਲਕਾ ਤਲਵੰਡੀ ਸਾਬੋ ਦੇ ਮੁੱਖ ਸੇਵਾਦਾਰ ਖੁਸ਼ਬਾਜ ਸਿੰਘ ਜਟਾਣਾ ਨੇ 2 ਕਰੋੜ ਦੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ ਅਤੇ ਪਿੰਡ ਰਾਮਾਂ ਦੀਆਂ ਧਰਮਸ਼ਾਲਾਵਾਂ ਲਈ ਗ੍ਰਾਂਟ ਦੇ ਚੈੱਕ ਭੇਟ ਕੀਤੇ। ਲੋਕਾਂ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਖੁਸ਼ਬਾਜ ਜਟਾਣਾ ਨੇ ਦੱਸਿਆ ਕਿ ਵਾਰਡ ਨੰਬਰ 2 ਵਿਚ 70 ਲੱਖ ਦੀ ਲਾਗਤ ਨਾਲ ਗਲੀਆਂ ਨੂੰ ਇੰਟਰਲਾਕ ਕਰਨ, ਵਾਰਡ ਨੰਬਰ 3 ਵਿਚ 33 ਲੱਖ ਦੀ ਲਾਗਤ ਨਾਲ ਗਲੀਆਂ ਦਾ ਨਵੀਨੀਕਰਨ ਅਤੇ ਵਾਰਡ ਨੰਬਰ 13 ਵਿਚ 70 ਲੱਖ ਦੀ ਲਾਗਤ ਨਾਲ ਨਵੀਂਆ ਗਲੀਆਂ ਨੂੰ ਬਣਾਉਣ ਦੇ ਨੀਂਹ ਪੱਥਰ ਰੱਖੇ ਗਏ ਹਨ। ਉਨ੍ਹਾਂ ਨੇ ਦੱਸਿਆ ਕਿ ਪਿੰਡ ਰਾਮਾਂ ਦੀਆਂ ਸਾਰੀਆਂ ਧਰਮਸ਼ਾਲਾ ਨੂੰ 10 ਲੱਖ ਰੁਪਏ ਦੀ ਗ੍ਰਾਂਟ ਦੇ ਚੈੱਕ ਭੇਟ ਕੀਤੇ ਗਏ ਹਨ। ਜਟਾਣਾ ਨੇ ਕਿਹਾ ਕਿ 5 ਕਰੋੜ ਦੀ ਲਾਗਤ ਨਾਲ ਰਾਮਾਂ ਮੰਡੀ ਦੀਆਂ ਸਾਰੀਆਂ ਗਲੀਆਂ ਦਾ ਨਵੀਨੀਕਰਨ ਕੀਤਾ ਜਾਵੇਗਾ। ਜਟਾਣਾ ਨੇ ਕਿਹਾ ਕਿ ਮੇਰੀ ਇਹੀ ਕੋਸ਼ਿਸ਼ ਰਹੀ ਹੈ ਕਿ ਰਾਮਾਂ ਵਾਸੀਆਂ ਹਰ ਤਰ੍ਹਾਂ ਦੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਇਆਂ ਜਾਣ। ਇਸ ਮੌਕੇ ਪ੍ਰਧਾਨ ਕ੍ਰਿਸ਼ਨ ਕੁਮਾਰ ਕਾਲਾ, ਕੌਂਸਲਰ ਪ੍ਰਵੀਨ ਪੱਕਾ, ਕੌਂਸਲਰ ਤੇਲੂ ਰਾਮ ਲਹਿਰੀ, ਕ੍ਰਿਸ਼ਨ ਲਾਲ ਭਾਗੀਵਾਂਦਰ, ਕੌਂਸਲਰ ਮਨੋਜ ਸਿੰਗੋਂ, ਸਰਬਜੀਤ ਸਿੰਘ ਰਾਮਾਂ ਮੀਤ ਪ੍ਰਧਾਨ, ਅੰਮ੍ਰਿਤਪਾਲ ਅੰਬੂ, ਪਿੰਦਰ ਕਨਕਵਾਲ ਹਲਕਾ ਪ੍ਰਧਾਨ, ਕਾਲਾ ਸ਼ਰਮਾ, ਚੇਅਰਮੈਨ ਸੁਖਜੀਤ ਸਿੰਘ ਬੰਟੀ, ਸਰਪੰਚ ਅੰਗਰੇਜ਼ ਸਿੰਘ ਪੱਕਾ, ਸਰਪੰਚ ਭੋਲਾ ਸਿੰਘ ਸੁੱਖਲੱਧੀ, ਸਰਪੰਚ ਗੁਰਚੇਤ ਸਿੰਘ ਸੇਖੂ ਆਦਿ ਹਾਜ਼ਰ ਸਨ।

ਰਾਮਾਂ ਮੰਡੀ ਵਿਖੇ ਨੀਂਹ ਪੱਥਰ ਰੱਖਦੇ ਹੋਏ ਖੁਸ਼ਬਾਜ ਸਿੰਘ ਜਟਾਣਾ ਤੇ ਹਾਜ਼ਰ ਮੰਡੀ ਵਾਸੀ। ਤਸਵੀਰ: ਅਮਰਜੀਤ ਲਹਿਰੀ

ਉਰਦੂ ਭਾਸ਼ਾ ਦੇ ਦਾਖ਼ਲੇ ਦੀ ਮਿਤੀ 'ਚ ਵਾਧਾ- ਪ੍ਰਵੀਨ ਕੁਮਾਰ

ਬਠਿੰਡਾ, 3 ਜਨਵਰੀ (ਅੰਮ੍ਰਿਤਪਾਲ ਸਿੰਘ ਵਲ੍ਹਾਣ)-ਜ਼ਿਲ੍ਹਾ ਭਾਸ਼ਾ ਅਫ਼ਸਰ ਪਰਵੀਨ ਕੁਮਾਰ ਵਰਮਾ ਨੇ ਜ਼ਿਲ੍ਹੇ ਨਾਲ ਸਬੰਧਿਤ ਸਿੱਖਿਆਰਥੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਰਦੂ ਭਾਸ਼ਾ ਦੀ ਮੁਫ਼ਤ ਸਿਖਲਾਈ ਦੇ ਦਾਖ਼ਲੇ ਦੀ ਮਿਤੀ 'ਚ 14 ਜਨਵਰੀ ਤੱਕ ਵਾਧਾ ਕੀਤਾ ਗਿਆ ਹੈ। ਜ਼ਿਲ੍ਹਾ ਭਾਸ਼ਾ ਅਫ਼ਸਰ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਿਹੜੇ ਸਿੱਖਿਆਰਥੀ ਉਰਦੂ ਸਿੱਖਣ ਦੇ ਚਾਹਵਾਨ ਹੋਣ, ਉਹ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੀ ਪਹਿਲੀ ਮੰਜ਼ਿਲ ਤੇ ਸਥਿਤ ਜ਼ਿਲ੍ਹਾ ਭਾਸ਼ਾ ਦਫ਼ਤਰ ਦੇ ਕਮਰਾ ਨੰ. 227-ਈ ਵਿਖੇ ਆਪਣਾ ਨਾਮ ਦਰਜ ਕਰਵਾ ਕੇ ਦਾਖਲਾ ਲੈ ਸਕਦੇ ਹਨ। ਕਲਾਸ ਦਾ ਸਮਾਂ ਸ਼ਾਮ 5:15 ਤੋਂ 6:15 ਵਜੇ ਤੱਕ ਦਾ ਹੋਵੇਗਾ। ਪ੍ਰਵੀਨ ਕੁਮਾਰ ਵਰਮਾ ਨੇ ਇਹ ਵੀ ਦੱਸਿਆ ਕਿ ਭਾਸ਼ਾ ਵਿਭਾਗ, ਪੰਜਾਬ ਵਲੋਂ ਹਰ ਜ਼ਿਲ੍ਹਾ ਸਦਰ ਮੁਕਾਮ ਤੇ ਉਰਦੂ ਭਾਸ਼ਾ ਦੀ ਸਿਖਲਾਈ ਮੁਫ਼ਤ ਦਿੱਤੀ ਜਾਂਦੀ ਹੈ। ਇਹ ਕੋਰਸ ਛੇ ਮਹੀਨੇ ਦਾ ਹੁੰਦਾ ਹੈ।

ਦੌਰੇ ਦੌਰਾਨ ਲੋਕਾਂ ਦੀਆਂ ਮੁਸ਼ਕਿਲਾਂ ਸੁਣਦੇ ਹੋਏ ਅਕਾਲੀ ਆਗੂ ਗੁਰਬਾਜ਼ ਸਿੰਘ ਸਿੱਧੂ। ਤਸਵੀਰ: ਸਿੰਗਲਾ

ਗੁਰਬਾਜ਼ ਸਿੰਘ ਸਿੱਧੂ ਵਲੋਂ ਅਕਾਲੀ ਬਸਪਾ ਵਰਕਰਾਂ ਨਾਲ ਮੀਟਿੰਗਾਂ ਜਾਰੀ

ਰਾਮਾਂ ਮੰਡੀ, 3 ਜਨਵਰੀ (ਤਰਸੇਮ ਸਿੰਗਲਾ)-ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਤੋਂ ਅਕਾਲੀ ਬਸਪਾ ਗੱਠਜੋੜ ਦੇ ਉਮੀਦਵਾਰ ਦੇ ਹੱਕ ਵਿਚ ਚੋਣ ਮੁਹਿੰਮ ਨੂੰ ਤੇਜ ਕਰਨ ਲਈ ਪਿਛਲੇ ਕਈ ਮਹੀਨਿਆਂ ਤੋਂ ਹਲਕੇ ਅੰਦਰ ਦਿਨ ਰਾਤ ਮਿਹਨਤ ਕਰ ਰਹੇ ਨੌਜਵਾਨ ਅਕਾਲੀ ਆਗੂ ਗੁਰਬਾਜ਼ ਸਿੰਘ ਸਿੱਧੂ ਵਲੋਂ ਬਲਾਕ ਰਾਮਾਂ ਦੇ ਅੱਧੀ ਦਰਜਨ ਪਿੰਡਾਂ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਜਿੱਥੇ ਚੋਣ ਦੀਆਂ ਤਿਆਰੀਆਂ ਬਾਰੇ ਅਕਾਲੀ ਬਸਪਾ ਵਰਕਰਾਂ ਨਾਲ ਮੀਟਿੰਗਾਂ ਕੀਤੀਆਂ ਉੱਥੇ ਲੋਕਾਂ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਵੀ ਸੁਣੀਆਂ। ਗੁਰਬਾਜ਼ ਸਿੰਘ ਸਿੱਧੂ ਨੇ ਮੀਟਿੰਗਾਂ ਦੌਰਾਨ ਵਰਕਰਾਂ ਨੂੰ ਐਸਏਡੀ ਦੇ ਪ੍ਰਧਾਨ ਸੁਖਵੀਰ ਸਿੰਘ ਬਾਦਲ ਦੇ 13 ਨੁਕਾਤੀ ਪ੍ਰੋਗਰਾਮ ਨੂੰ ਜਨ ਜਨ ਤੱਕ ਪਹੁੰਚਾਉਣ ਲਈ ਵਰਕਰਾਂ ਨੂੰ ਬੇਨਤੀ ਕੀਤੀ। ਉਨ੍ਹਾਂ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਅਕਾਲੀ ਬਸਪਾ ਸਰਕਾਰ ਬਣਦੇ ਹੀ ਪਿਛਲੇ ਸਮੇਂ ਤੋਂ ਲਟਕਦੇ ਆ ਰਹੇ ਵਿਕਾਸ ਕੰਮ ਪਹਿਲ ਦੇ ਆਧਾਰ 'ਤੇ ਪੂਰੇ ਕਰਵਾਏ ਜਾਣਗੇ। ਇਸ ਮੌਕੇ ਬਸਪਾ ਹਲਕਾ ਪ੍ਰਧਾਨ ਜੀਤ ਸਿੰਘ ਟੀ.ਟੀ., ਰਾਜ ਤੋਂਗਰੀਆ, ਅਕਾਲੀ ਆਗੂ ਗੋਰਾ ਪੱਕਾ ਕਲਾਂ, ਰਾਜਵਿੰਦਰ ਰਾਜੂ ਜ਼ੋਨ ਇੰਚਾਰਜ, ਤਰਸੇਮ ਲਾਲੇਆਣਾ ਸਰਕਲ ਪ੍ਰਧਾਨ ਯੂਥ ਵਿੰਗ, ਰਣਦੀਪ ਸਿੰਘ ਚੱਠਾ ਸੂਬਾ ਆਗੂ ਐਸਓਆਈ, ਗੁਰਮੇਲ ਲਾਲੇਆਣਾ, ਗੋਰਾ ਵਕੀਲ ਲਾਲੇਆਣਾ, ਤਰਸੇਮ ਮਾਨਵਾਲਾ, ਗੁਰਬਿੰਦਰ ਸਿੰਘ ਦੂਨੇਵਾਲਾ, ਰਾਜਪਾਲ ਸਿੰਘ ਸੁਖਲੱਧੀ, ਸ਼ੇਰ ਸਿੰਘ ਸੇਖੂ, ਦੀਦਾਰ ਸਿੰਘ ਮੱਲਵਾਲਾ ਆਦਿ ਆਗੂ ਹਾਜ਼ਰ ਸਨ।

36 ਹਜ਼ਾਰ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਦੇ ਸਰਕਾਰ ਦੇ ਦਾਅਵੇ ਸਿਰਫ਼ ਝੂਠੇ-ਬਲਵਿੰਦਰ ਸਿੰਘ ਭੂੰਦੜ

ਤਲਵੰਡੀ ਸਾਬੋ, 3 ਜਨਵਰੀ (ਰਣਜੀਤ ਸਿੰਘ ਰਾਜੂ)-ਪੰਜਾਬ ਸਰਕਾਰ ਵੱਲੋਂ ਸੂਬੇ ਦੇ 36 ਹਜ਼ਾਰ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਦੇ ਕੀਤੇ ਜਾ ਰਹੇ ਦਾਅਵੇ ਗਪੌੜ ਸੰਖ ਤੋਂ ਸਿਵਾਏ ਹੋਰ ਕੁਝ ਨਹੀ ਅਤੇ ਰਾਜਪਾਲ ਪੰਜਾਬ ਵਲੋਂ ਸਰਕਾਰ ਦੀ ਉਕਤ ਮਾਮਲੇ ਸਬੰਧੀ ਭੇਜੀ ਫਾਈਲ ਤੇ ਕੀਤੀ ਵਿਸ਼ੇਸ਼ ਟਿੱਪਣੀ ਵੀ ਇਸ ਦੀ ਤਸਦੀਕ ਕਰਦੀ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸਕੱਤਰ ਜਨਰਲ ਬਲਵਿੰਦਰ ਸਿੰਘ ਭੂੰਦੜ ਮੈਂਬਰ ਰਾਜ ਸਭਾ ਨੇ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਇੱਥੇ ਪੁੱਜੇ ਬਲਵਿੰਦਰ ਸਿੰਘ ਭੂੰਦੜ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਕਿਹਾ ਕਿ ਕੋਈ ਵੀ ਸਰਕਾਰ ਜੇ ਸੂਬੇ ਵਿਚ ਸਬ ਤਹਿਸੀਲ ਬਣਾਉਣ ਦਾ ਵੀ ਐਲਾਨ ਕਰਦੀ ਹੈ ਤਾਂ ਉਸ ਨੂੰ ਦੱਸਣਾ ਪੈਂਦਾ ਹੈ ਕਿ ਉਸ ਲਈ ਵਿੱਤੀ ਪ੍ਰਬੰਧ ਕਿਵੇਂ ਹੋਣਗੇ। ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ 5 ਜਨਵਰੀ ਦੀ ਪੰਜਾਬ ਫੇਰੀ ਬਾਰੇ ਭੂੰਦੜ ਨੇ ਕਿਹਾ ਕਿ ਪ੍ਰਧਾਨ ਮੰਤਰੀ ਸਾਹਿਬ ਨੂੰ ਚਾਹੀਦਾ ਹੈ ਕਿ ਉਹ ਰੈਲੀ ਦੌਰਾਨ ਪੰਜਾਬ ਲਈ ਵਿਸ਼ੇਸ਼ ਆਰਥਿਕ ਪੈਕੇਜ, ਕਿਸਾਨਾਂ ਦੀਆਂ ਬੈਂਕ ਦੇਣਦਾਰੀਆਂ ਮੁਆਫ਼ ਕਰਨ ਅਤੇ ਚੰਡੀਗੜ੍ਹ ਅਤੇ ਪੰਜਾਬੀ ਬੋਲਦੇ ਇਲਾਕੇ ਪੰਜਾਬ ਨੂੰ ਦੇਣ ਦਾ ਐਲਾਨ ਕਰਕੇ ਜਾਣ।

ਗੱਲਬਾਤ ਦੌਰਾਨ ਰਾਜ ਸਭਾ ਮੈਂਬਰ ਬਲਵਿੰਦਰ ਸਿੰਘ ਭੂੰਦੜ।

ਯੂਥ ਕਾਂਗਰਸ ਦੇ ਜ਼ਿਲ੍ਹਾ ਜਨਰਲ ਸਕੱਤਰ ਨੇ ਦਿੱਤਾ ਪਾਰਟੀ ਦੀ ਮੁਢਲੀ ਮੈਂਬਰਸ਼ਿਪ ਤੋਂ ਅਸਤੀਫ਼ਾ

ਸੰਗਤ ਮੰਡੀ, 3 ਜਨਵਰੀ (ਅੰਮ੍ਰਿਤਪਾਲ ਸ਼ਰਮਾ)-ਸੰਗਤ ਬਲਾਕ ਦੇ ਪਿੰਡ ਚੱਕ ਅਤਰ ਸਿੰਘ ਵਾਲਾ ਵਾਸੀ ਯੂਥ ਕਾਂਗਰਸ ਦੇ ਜ਼ਿਲ੍ਹਾ ਜਨਰਲ ਸਕੱਤਰ ਬਲਜਿੰਦਰ ਸਿੰਘ ਬੱਬੀ ਵਲੋਂ ਕਾਂਗਰਸ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਤੋਂ ਅਸਤੀਫ਼ਾ ਦੇ ਦਿੱਤਾ ਹੈ। ਬਲਜਿੰਦਰ ਸਿੰਘ ਬੱਬੀ ਸਰਪੰਚ ਨੇ ਦੱਸਿਆ ਕਿ ਉਨ੍ਹਾਂ ਯੂਥ ਕਾਂਗਰਸ ਦੇ ਸੂਬਾ ਪ੍ਰਧਾਨ ਬਰਿੰਦਰ ਸਿੰਘ ਢਿੱਲੋਂ ਅਤੇ ਜ਼ਿਲ੍ਹਾ ਪ੍ਰਧਾਨ ਯੂਥ ਕਾਂਗਰਸ ਬਠਿੰਡਾ ਦਿਹਾਤੀ ਲਖਵਿੰਦਰ ਸਿੰਘ ਸਿੱਧੂ ਨੂੰ ਆਪਣਾ ਅਸਤੀਫ਼ਾ ਆਪਣੇ ਸੋਸ਼ਲ ਮੀਡੀਆ ਅਕਾਊਂਟ ਰਾਹੀਂ ਭੇਜ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਵਲੋਂ ਬਠਿੰਡਾ ਦਿਹਾਤੀ ਹਲਕੇ ਦੇ ਲੋਕਾਂ ਨਾਲ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ ਉਹ ਹਲਕੇ ਦੇ ਲੋਕਾਂ ਦੀ ਸੋਚ ਅੰਦਰ ਬਦਲਾਅ ਚਾਹੁੰਦੇ ਹਨ ਤੇ ਉਹ ਅਗਲੀ ਰਣਨੀਤੀ ਦਾ ਐਲਾਨ ਜਲਦੀ ਕਰਨਗੇ।

ਬਲਜਿੰਦਰ ਸਿੰਘ ਬੱਬੀ

ਪਿੰਡ ਰੰਗਾ ਵਿਖੇ ਦਸਮੇਸ਼ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਦੀ ਅਗਵਾਈ ਕਰ ਰਹੇ ਪੰਜ ਪਿਆਰੇ। ਤਸਵੀਰ ਤੇ ਵੇਰਵਾ : ਗੁਰਦਰਸ਼ਨ ਲੱਧੜ